**Date: 20 May, 2026**

**Press Note:**

**ਪੰਜਾਬ ਸਰਕਾਰ ਵਲੋਂ ਪੰਜਾਬ ਦੇ ਕਾਲਜਾਂ ਨੂੰ ਜਗਤ ਗੁਰੂ ਨਾਨਕ ਦੇਵ ਪੰਜਾਬ ਸਟੇਟ ਓਪਨ ਯੂਨੀਵਰਸਿਟੀ, ਪਟਿਆਲਾ ਅਧੀਨ ਸੈਂਟਰ ਬਣਨ ਲਈ ਪੱਤਰ ਜਾਰੀ। ਯੂਨੀਵਰਸਿਟੀ ਵਲੋਂ ਸੈਂਟਰ ਬਣਾਉਣ ਦੀ ਅਧਿਕਾਰਿਤ ਪ੍ਰਕਿਰਿਆ ਸ਼ੁਰੂ**

**ਜਿਵੇ ਕਿ ਤੁਸੀਂ ਸਾਰੇ ਜਾਣਦੇ ਹੀ ਹੋ ਕਿ ਜਗਤ ਗੁਰੂ ਨਾਨਕ ਦੇਵ ਪੰਜਾਬ ਸਟੇਟ ਓਪਨ ਯੂਨੀਵਰਸਿਟੀ ਪੰਜਾਬ ਦੀ ਪਹਿਲੀ ਸਰਕਾਰੀ ਓਪਨ ਯੂਨੀਵਰਸਿਟੀ ਹੈ ਜੋ ਸਮੁੱਚੇ ਪੰਜਾਬ ਦੇ ਵਿਚ ਵਿਦਿਆ ਮੁਹਈਆ ਕਰਵਾ ਰਹੀ ਹੈ | ਯੂਨੀਵਰਸਿਟੀ ਦੀ ਵੱਧਦੀ ਲੋਕ ਪ੍ਰਿਯਤਾ ਨੂੰ ਧਿਆਨ ਵਿਚ ਰੱਖਦਿਆਂ ਹੋਇਆ ਪੰਜਾਬ ਸਰਕਾਰ ਦੇ ਉਚੇਰੀ ਸਿਖਿਆ ਵਿਭਾਗ, ਪੰਜਾਬ ਦੇ ਕਾਲਜ ਐਜੂਕੇਸ਼ਨ ਸ਼ਾਖਾ ਵਲੋਂ ਪੰਜਾਬ ਦੇ ਸਮੂਹ ਸਰਕਾਰੀ / ਏਡਿਡ ਅਤੇ ਪ੍ਰਾਈਵੇਟ ਕਾਲਜਾਂ ਨੂੰ ਪੱਤਰ ਲਿਖ ਕੇ ਹਦਾਇਤ ਜਾਰੀ ਕੀਤੀ ਗਈ ਹੈ ਕਿ ਜੋ ਵੀ ਕਾਲਜ ਆਪਣੇ ਕਾਲਜ ਵਿਚ ਰੈਗੂਲਰ ਦੇ ਨਾਲ ਓਪਨ ਡਿਸਟੈਂਸ ਮੋਡ ਦੇ ਵਿਚ ਸਿੱਖਿਆ ਮੁਹਈਆ ਕਰਵਾਉਣਾ ਚਾਹੁੰਦੇ ਹਨ,ਉਹ ਜਗਤ ਗੁਰੂ ਨਾਨਕ ਦੇਵ ਪੰਜਾਬ ਸਟੇਟ ਓਪਨ ਯੂਨੀਵਰਸਿਟੀ ਨਾਲ ਜੁੜ ਕੇ ਯੂਨੀਵਰਸਿਟੀ ਦਾ ਲਰਨਰ ਸਪੋਰਟ ਸੈਂਟਰ ਬਣ ਸਕਦੇ ਹਨ। ਇਸ ਸਬੰਧੀ ਲੋੜੀਂਦੀ ਕਾਰਵਾਈ ਅਤੇ ਕਾਲਜਾਂ ਨੂੰ ਨਿਰਦੇਸ਼ ਜਾਰੀ ਕਰਨ ਲਈ ਪੰਜਾਬੀ ਯੂਨੀਵਰਸਿਟੀ, ਪਟਿਆਲਾ, ਪੰਜਾਬ ਯੂਨੀਵਰਸਿਟੀ, ਚੰਡੀਗੜ੍ਹ ਤੇ ਗੁਰੂ ਨਾਨਕ ਦੇਵ ਯੂਨੀਵਰਸਿਟੀ, ਅੰਮ੍ਰਿਤਸਰ ਦੇ ਰਜਿਸਟਰਾਰਾਂ ਨੂੰ ਵੀ ਦਿਸ਼ਾ-ਨਿਰਦੇਸ਼ਾਂ ਦੀਆਂ ਕਾਪੀਆਂ ਭੇਜ ਦਿੱਤੀਆਂ ਗਈਆਂ ਹਨ, ਤਾਂ ਜੋ ਰੈਗੂਲਰ ਪੜ੍ਹਾਈ ਦੇ ਨਾਲ-ਨਾਲ ਦੂਰਵਰਤੀ ਸਿੱਖਿਆ ਦਾ ਲਾਭ ਹਰ ਇੱਕ ਲੋੜਵੰਦ ਨੌਜਵਾਨ ਤੱਕ ਪਹੁੰਚਾਇਆ ਜਾ ਸਕੇ।**

ਦਫਤਰ: ਡਾਇਰੈਕਟਰ ਉਚੇਰੀ ਸਿਖਿਆ ਵਿਭਾਗ, ਪੰਜਾਬ (ਐਸ.ਏ.ਐਸ ਨਗਰ)

(ਕਾਲਜ ਐਜੂਕੇਸ਼ਨ ਸ਼ਾਖਾ)

ਵੱਲ:

ਪ੍ਰਿੰਸੀਪਲ,
ਰਾਜ ਦੇ ਸਮੂਹ ਸਰਕਾਰੀ/ਏਡਿਡ ਅਤੇ ਪ੍ਰਾਈਵੇਟ ਕਾਲਜ
ਮੀਮੋ ਨੰ: ਯੂਨੀ./ਕਾ.ਐਜੂ.(2)/ 993
ਮਿਤੀ: ਐਸ.ਏ.ਐਸ ਨਗਰ: 27-2-2026

ਵਿਸ਼ਾ: ਰਾਜ ਦੇ ਸਰਕਾਰੀ/ਏਡਿਡ ਅਤੇ ਪ੍ਰਾਈਵੇਟ ਕਾਲਜਾਂ ਵਿੱਚ ਜਗਤ ਗੁਰੂ ਨਾਨਕ ਦੇਵ ਪੰਜਾਬ ਸਟੇਟ ਉਪਨ ਯੂਨੀਵਰਸਿਟੀ, ਪਟਿਆਲਾ (ਪੰਜਾਬ) ਅਧੀਨ ਲਰਨਰ ਸਪੋਰਟ ਸੈਂਟਰ ਸਥਾਪਿਤ ਕਰਨ ਸਬੰਧੀ।

ਜਗਤ ਗੁਰੂ ਨਾਨਕ ਦੇਵ ਪੰਜਾਬ ਸਟੇਟ ਓਪਨ ਯੂਨੀਵਰਸਿਟੀ ਪਟਿਆਲਾ, ਪੰਜਾਬ ਦੀ ਪਹਿਲੀ ਸਟੇਟ ਓਪਨ ਯੂਨੀਵਰਸਿਟੀ ਹੈ, ਜੋ ਕਿ ਪੰਜਾਬ ਸਰਕਾਰ ਦੇ ਐਕਟ ਨੰ. 19, 2019 ਅਧੀਨ ਸੂਬੇ ਵਿੱਚ ਉਪਨ ਡਿਸਟੈਂਸ ਮੋਡ (ODL) ਰਾਹੀਂ ਸਿਖਿਆ ਪ੍ਰਦਾਨ ਕਰਨ ਲਈ ਸਥਾਪਿਤ ਕੀਤੀ ਗਈ ਹੈ। ਰਾਜ ਦੇ ਸਰਕਾਰੀ/ਏਡਿਡ ਅਤੇ ਪ੍ਰਾਈਵੇਟ ਕਾਲਜਾਂ ਨੂੰ ਹਿਦਾਇਤ ਕੀਤੀ ਜਾਂਦੀ ਹੈ ਕਿ ਜੇਕਰ ਉਹ ਆਪਣੇ ਕਾਲਜ ਵਿੱਚ ਉਪਨ ਡਿਸਟੈਂਸ ਮੋਡ (ODL) ਰਾਹੀਂ ਸਿਖਿਆ ਪ੍ਰਦਾਨ ਕਰਨ ਦੇ ਮੰਤਵ ਲਈ ਲਰਨਰ ਸਪੋਰਟ ਸੈਂਟਰ ਸਥਾਪਿਤ ਕਰਨਾ ਚਾਹੁੰਦੇ ਹਨ ਤਾਂ ਜਗਤ ਗੁਰੂ ਨਾਨਕ ਦੇਵ ਪੰਜਾਬ ਸਟੇਟ ਉਪਨ ਯੂਨੀਵਰਸਿਟੀ, ਪਟਿਆਲਾ (ਪੰਜਾਬ) ਅਧੀਨ ਆਪਣੇ ਲਰਨਰ ਸਪੋਰਟ ਸੈਂਟਰ ਸਥਾਪਿਤ ਕਰ ਸਕਦੇ ਹਨ। ਇਸ ਲਈ ਸਬੰਧਤ ਸੰਸਥਾਵਾਂ ਵੱਲੋ ਲਰਨਰ ਸਪੋਰਟ ਸੈਂਟਰ ਸਥਾਪਿਤ ਕਰਨ ਲਈ ਆਪਣੇ ਪੱਧਰ ਤੇ ਜਗਤ ਗੁਰੂ ਨਾਨਕ ਦੇਵ ਪੰਜਾਬ ਸਟੇਟ ਉਪਨ ਯੂਨੀਵਰਸਿਟੀ, ਪਟਿਆਲਾ (ਪੰਜਾਬ) ਨਾਲ ਰਾਬਤਾ ਕਾਇਮ ਕੀਤਾ ਜਾਵੇ।

ਡਿਪਟੀ ਡਾਇਰੈਕਟਰ (ਕਾਲਜ ਐਜੂਕੇਸ਼ਨ)

ਪਿੱਠ ਅੰਕਣ ਨੰ: ਉਕਤ 993 (2-4)    ਮਿਤੀ: ਐਸ.ਏ.ਐਸ ਨਗਰ: 27-2-2026

ਉਤਾਰਾ ਹੇਠ ਲਿਖਿਆ ਨੂੰ ਭੇਜ ਕੇ ਲਿਖਿਆ ਜਾਂਦਾ ਹੈ ਕਿ ਉਹ ਆਪਣੇ ਅਧੀਨ ਆਉਂਦੇ ਕਾਲਜਾ ਨੂੰ ਲੋੜੀਂਦੇ ਦਿਸ਼ਾ ਨਿਰਦੇਸ਼ ਜਾਰੀ ਕੀਤੇ ਜਾਣ:

1. ਰਜਿਸਟਰਾਰ, ਪੰਜਾਬੀ ਯੂਨੀਵਰਸਿਟੀ, ਪਟਿਆਲਾ।
2. ਰਜਿਸਟਰਾਰ, ਪੰਜਾਬ ਯੂਨੀਵਰਸਿਟੀ, ਚੰਡੀਗੜ।
3. ਰਜਿਸਟਰਾਰ, ਗੁਰੂ ਨਾਨਕ ਦੇਵ ਯੂਨੀਵਰਸਿਟੀ, ਅੰਮ੍ਰਿਤਸਰ।

ਡਿਪਟੀ ਡਾਇਰੈਕਟਰ (ਕਾਲਜ ਐਜੂਕੇਸ਼ਨ)

# ਰੈਗੂਲਰ ਸਿੱਖਿਆ ਹਾਸਲ ਨਾ ਕਰ ਸਕਣ ਵਾਲਿਆਂ ਦਾ ਸੁਪਨਾ ਹੋਵੇਗਾ ਸਾਕਾਰ

ਨਵਦੀਪ ਢੀਂਗਰਾ • ਪੰਜਾਬੀ ਜਾਗਰਣ

**ਪਟਿਆਲਾ** : ਪੰਜਾਬ ਵਿਚ ਉਨ੍ਹਾਂ ਹਜ਼ਾਰਾਂ ਨੌਜਵਾਨਾਂ, ਨੌਕਰੀਪੇਸ਼ਾ ਲੋਕਾਂ ਤੇ ਘਰੇਲੂ ਮਹਿਲਾਵਾਂ ਲਈ ਉੱਚ ਸਿੱਖਿਆ ਹਾਸਲ ਕਰਨ ਦਾ ਸੁਪਨਾ ਹੁਣ ਸਾਕਾਰ ਹੋਣ ਜਾ ਰਿਹਾ ਹੈ, ਜੋ ਕਿਸੇ ਕਾਰਨ ਰੈਗੂਲਰ ਕਾਲਜ ਜਾਣ ਤੋਂ ਅਸਮਰੱਥ ਹਨ। ਪੰਜਾਬ ਸਰਕਾਰ ਦੇ ਉਚੇਰੀ ਸਿੱਖਿਆ ਵਿਭਾਗ ਨੇ ਸੂਬੇ ਵਿੱਚ ਦੂਰਵਰਤੀ ਸਿੱਖਿਆ (ਡਿਸਟੈਂਸ ਐਜੂਕੇਸ਼ਨ) ਦੇ ਦਾਇਰੇ ਨੂੰ ਵਿਸ਼ਾਲ ਬਣਾਉਂਦਿਆਂ ਸਮੂਹ ਸਰਕਾਰੀ, ਸਹਾਇਤਾ ਪ੍ਰਾਪਤ (ਏਡਿਡ) ਅਤੇ ਪ੍ਰਾਈਵੇਟ ਕਾਲਜਾਂ ਨੂੰ 'ਜਗਤ ਗੁਰੂ ਨਾਨਕ ਦੇਵ ਪੰਜਾਬ ਸਟੇਟ ਓਪਨ ਯੂਨੀਵਰਸਿਟੀ' ਅਧੀਨ 'ਲਰਨਰ ਸਪੋਰਟ ਸੈਂਟਰ' ਸਥਾਪਿਤ ਕਰਨ ਦੀ ਹਦਾਇਤ ਜਾਰੀ ਕੀਤੀ ਹੈ। ਯੂਨੀਵਰਸਿਟੀ ਵੱਲੋਂ ਇਨ੍ਹਾਂ ਕੇਂਦਰਾਂ ਨੂੰ ਖੋਲ੍ਹਣ ਦੀ ਅਧਿਕਾਰਿਤ ਪ੍ਰਕਿਰਿਆ ਵੀ ਸ਼ੁਰੂ ਕਰ ਦਿੱਤੀ ਗਈ ਹੈ।

**ਨੇੜਲੇ ਕਾਲਜਾਂ 'ਚ ਹੀ ਮਿਲ ਸਕੇਗੀ ਸਹੂਲਤ** : ਸਰਕਾਰ ਦੇ ਇਸ ਅਹਿਮ ਫੈਸਲੇ ਨਾਲ ਹੁਣ ਵਿਦਿਆਰਥੀਆਂ ਨੂੰ ਦੂਰ-ਦੁਰਾਡੇ ਜਾਣ ਦੀ ਲੋੜ ਨਹੀਂ ਪਵੇਗੀ, ਬਲਕਿ ਉਹ ਆਪਣੇ ਨੇੜਲੇ ਕਾਲਜਾਂ ਵਿਚ ਸਥਾਪਿਤ ਹੋਣ ਵਾਲੇ ਇਨ੍ਹਾਂ ਸਪੋਰਟ ਸੈਂਟਰਾਂ ਰਾਹੀਂ ਹੀ ਉੱਚ ਸਿੱਖਿਆ ਪ੍ਰਾਪਤ ਕਰ ਸਕਣਗੇ। ਯੂਨੀਵਰਸਿਟੀ ਪ੍ਰਸ਼ਾਸਨ ਮੁਤਾਬਕ, ਸੈਂਟਰ ਬਣਾਉਣ ਦੀ ਪ੍ਰਕਿਰਿਆ ਨੂੰ ਬਹੁਤ ਹੀ ਪਾਰਦਰਸ਼ੀ ਅਤੇ ਤੇਜ਼ ਗਤੀ ਨਾਲ ਨੇਪਰੇ ਚਾੜ੍ਹਿਆ ਜਾ ਰਿਹਾ ਹੈ, ਤਾਂ ਜੋ ਆਉਣ ਵਾਲੇ ਨਵੇਂ ਅਕਾਦਮਿਕ ਸੈਸ਼ਨ ਤੋਂ ਹੀ ਵਿਦਿਆਰਥੀਆਂ ਨੂੰ ਇਸ ਸਹੂਲਤ ਦਾ ਸਿੱਧਾ ਲਾਭ ਮਿਲਣਾ ਸ਼ੁਰੂ ਹੋ ਜਾਵੇ।

**ਪੰਜਾਬ ਦੀ ਪਹਿਲੀ ਸਟੇਟ ਓਪਨ ਯੂਨੀਵਰਸਿਟੀ ਦਾ ਵੱਡਾ ਕਦਮ** : ਉਚੇਰੀ ਸਿੱਖਿਆ ਵਿਭਾਗ ਦੇ ਡਿਪਟੀ ਡਾਇਰੈਕਟਰ ਵੱਲੋਂ ਜਾਰੀ ਸਰਕਾਰੀ ਪੱਤਰ 'ਚ ਸਪੱਸ਼ਟ ਕੀਤਾ ਗਿਆ ਹੈ ਕਿ 'ਜਗਤ ਗੁਰੂ ਨਾਨਕ ਦੇਵ ਪੰਜਾਬ ਸਟੇਟ ਓਪਨ ਯੂਨੀਵਰਸਿਟੀ' ਸੂਬੇ ਦੀ ਪਹਿਲੀ ਸਟੇਟ ਓਪਨ ਯੂਨੀਵਰਸਿਟੀ ਹੈ, ਜਿਸ ਦੀ ਸਥਾਪਨਾ ਪੰਜਾਬ ਸਰਕਾਰ ਦੇ ਐਕਟ ਨੰਬਰ 19, 2019 ਅਧੀਨ ਕੀਤੀ ਗਈ ਸੀ। ਇਸ ਯੂਨੀਵਰਸਿਟੀ ਦਾ ਮੁੱਖ ਮਕਸਦ ਓਪਨ ਡਿਸਟੈਂਸ ਲਰਨਿੰਗ ਪ੍ਰਣਾਲੀ ਰਾਹੀਂ ਪੰਜਾਬ ਦੇ ਕੋਨੇ-ਕੋਨੇ ਤੱਕ ਉੱਚ ਪੱਧਰੀ ਸਿੱਖਿਆ ਪਹੁੰਚਾਉਣਾ ਹੈ।

## ਸੂਬੇ ਦੀਆਂ ਪ੍ਰਮੁੱਖ ਯੂਨੀਵਰਸਿਟੀਆਂ ਨੂੰ ਨਿਰਦੇਸ਼ ਜਾਰੀ

ਯੂਨੀਵਰਸਿਟੀ ਦੀ ਵਧ ਰਹੀ ਲੋਕਪ੍ਰਿਯਤਾ ਨੂੰ ਦੇਖਦਿਆਂ ਵਿਭਾਗ ਨੇ ਕਿਹਾ ਹੈ ਕਿ ਜੋ ਵੀ ਕਾਲਜ ਆਪਣੇ ਪੱਧਰ 'ਤੇ ਡਿਸਟੈਂਸ ਮੋਡ ਰਾਹੀਂ ਸਿੱਖਿਆ ਮੁਹੱਈਆ ਕਰਵਾਉਣ ਦੇ ਇੱਛੁਕ ਹਨ, ਉਹ ਇਸ ਯੂਨੀਵਰਸਿਟੀ ਨਾਲ ਰਾਬਤਾ ਕਾਇਮ ਕਰਕੇ 'ਲਰਨਰ ਸਪੋਰਟ ਸੈਂਟਰ' ਖੋਲ੍ਹ ਸਕਦੇ ਹਨ। ਇਸ ਸਬੰਧੀ ਲੋੜੀਂਦੀ ਕਾਰਵਾਈ ਅਤੇ ਕਾਲਜਾਂ ਨੂੰ ਨਿਰਦੇਸ਼ ਜਾਰੀ ਕਰਨ ਲਈ ਪੰਜਾਬੀ ਯੂਨੀਵਰਸਿਟੀ, ਪੰਜਾਬ ਯੂਨੀਵਰਸਿਟੀ ਤੇ ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਰਜਿਸਟਰਾਰਾਂ ਨੂੰ ਵੀ ਦਿਸ਼ਾ-ਨਿਰਦੇਸ਼ਾਂ ਦੀਆਂ ਕਾਪੀਆਂ ਭੇਜ ਦਿੱਤੀਆਂ ਗਈਆਂ ਹਨ, ਤਾਂ ਜੋ ਰੈਗੂਲਰ ਪੜ੍ਹਾਈ ਦੇ ਨਾਲ-ਨਾਲ ਦੂਰਵਰਤੀ ਸਿੱਖਿਆ ਦਾ ਲਾਭ ਹਰ ਇੱਕ ਲੋੜਵੰਦ ਨੌਜਵਾਨ ਤੱਕ ਪਹੁੰਚਾਇਆ ਜਾ ਸਕੇ।

# ਓਪਨ 'ਵਰਸਿਟੀ ਨੂੰ ਸੈਂਟਰ ਬਣਨ ਲਈ ਪੱਤਰ ਜਾਰੀ

ਪੱਤਰ ਪ੍ਰੇਰਕ
ਪਟਿਆਲਾ, 20 ਮਈ

ਜਗਤ ਗੁਰੂ ਨਾਨਕ ਦੇਵ ਪੰਜਾਬ ਸਟੇਟ ਓਪਨ ਯੂਨੀਵਰਸਿਟੀ ਪਟਿਆਲਾ ਦੇ ਬੁਲਾਰੇ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਪੰਜਾਬ ਦੇ ਕਾਲਜਾਂ ਨੂੰ ਜਗਤ ਗੁਰੂ ਨਾਨਕ ਦੇਵ ਪੰਜਾਬ ਸਟੇਟ ਓਪਨ ਯੂਨੀਵਰਸਿਟੀ, ਪਟਿਆਲਾ ਅਧੀਨ ਸੈਂਟਰ ਬਣਨ ਲਈ ਪੱਤਰ ਜਾਰੀ ਕੀਤਾ ਗਿਆ ਹੈ। ਬੁਲਾਰੇ ਨੇ ਦੱਸਿਆ ਕਿ ਇਸ ਸਬੰਧੀ ਯੂਨੀਵਰਸਿਟੀ ਵਲੋਂ ਸੈਂਟਰ ਬਣਾਉਣ ਦੀ ਅਧਿਕਾਰਿਤ ਪ੍ਰਕਿਰਿਆ ਸ਼ੁਰੂ ਕਰ ਦਿੱਤੀ ਗਈ ਹੈ। ਉਨ੍ਹਾਂ ਕਿਹਾ ਕਿ ਇਸ ਸਬੰਧੀ ਲੋੜੀਂਦੀ ਕਾਰਵਾਈ ਅਤੇ ਕਾਲਜਾਂ ਨੂੰ ਨਿਰਦੇਸ਼ ਜਾਰੀ ਕਰਨ ਲਈ ਪੰਜਾਬੀ ਯੂਨੀਵਰਸਿਟੀ, , ਪੰਜਾਬ ਯੂਨੀਵਰਸਿਟੀ, ਤੇ ਗੁਰੂ ਨਾਨਕ ਦੇਵ ਯੂਨੀਵਰਸਿਟੀ, ਦੇ ਰਜਿਸਟਰਾਰਾਂ ਨੂੰ ਵੀ ਦਿਸ਼ਾ-ਨਿਰਦੇਸ਼ਾਂ ਦੀਆਂ ਕਾਪੀਆਂ ਭੇਜ ਦਿੱਤੀਆਂ ਹਨ, ਤਾਂ ਜੋ ਰੈਗੂਲਰ ਪੜ੍ਹਾਈ ਦੇ ਨਾਲ-ਨਾਲ ਦੂਰਵਰਤੀ ਸਿੱਖਿਆ ਦਾ ਲਾਭ ਹਰ ਲੋੜਵੰਦ ਤੱਕ ਪਹੁੰਚਾਇਆ ਜਾ ਸਕੇ।

# ਪੰਜਾਬ ਦੇ ਕਾਲਜਾਂ ਨੂੰ ਜਗਤ ਗੁਰੂ ਨਾਨਕ ਦੇਵ ਪੰਜਾਬ ਸਟੇਟ ਓਪਨ ਯੂਨੀਵਰਸਿਟੀ ਅਧੀਨ ਸੈਂਟਰ ਬਣਨ ਲਈ ਪੱਤਰ ਜਾਰੀ

ਪਟਿਆਲਾ, 20 ਮਈ (ਰਾਜੇਸ਼ ਪੰਜੌਲਾ)- ਜਗਤ ਗੁਰੂ ਨਾਨਕ ਦੇਵ ਪੰਜਾਬ ਸਟੇਟ ਓਪਨ ਯੂਨੀਵਰਸਿਟੀ ਪਟਿਆਲਾ ਦੇ ਬੁਲਾਰੇ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਪੰਜਾਬ ਦੇ ਕਾਲਜਾਂ ਨੂੰ ਜਗਤ ਗੁਰੂ ਨਾਨਕ ਦੇਵ ਪੰਜਾਬ ਸਟੇਟ ਓਪਨ ਯੂਨੀਵਰਸਿਟੀ, ਪਟਿਆਲਾ ਅਧੀਨ ਸੈਂਟਰ ਬਣਨ ਲਈ ਪੱਤਰ ਜਾਰੀ ਕੀਤਾ ਗਿਆ ਹੈ।

ਬੁਲਾਰੇ ਨੇ ਦੱਸਿਆ ਕਿ ਇਸ ਸਬੰਧੀ ਯੂਨੀਵਰਸਿਟੀ ਵੱਲੋਂ ਸੈਂਟਰ ਬਣਾਉਣ ਦੀ ਅਧਿਕਾਰਿਤ ਪ੍ਰਕਿਰਿਆ ਸ਼ੁਰੂ ਕਰ ਦਿੱਤੀ ਗਈ ਹੈ। ਜ਼ਿਕਰਯੋਗ ਹੈ ਕਿ ਪਟਿਆਲਾ ਸਥਿਤ ਇਹ ਯੂਨੀਵਰਸਿਟੀ ਪੰਜਾਬ ਦੀ ਪਹਿਲੀ ਸਰਕਾਰੀ ਓਪਨ ਯੂਨੀਵਰਸਿਟੀ ਹੈ, ਜੋ ਸਮੁੱਚੇ ਪੰਜਾਬ 'ਚ ਵਿੱਦਿਆ ਮੁਹੱਈਆ ਕਰਵਾ ਰਹੀ ਹੈ। ਯੂਨੀਵਰਸਿਟੀ ਦੀ ਵਧਦੀ ਲੋਕ ਪ੍ਰਿਯਤਾ ਨੂੰ ਧਿਆਨ 'ਚ ਰੱਖਦਿਆਂ ਪੰਜਾਬ ਸਰਕਾਰ ਦੇ ਉੱਚੇਰੀ ਸਿੱਖਿਆ ਵਿਭਾਗ, ਪੰਜਾਬ ਦੇ ਕਾਲਜ ਐਜੂਕੇਸ਼ਨ ਸ਼ਾਖਾ ਵੱਲੋਂ ਪੰਜਾਬ ਦੇ ਸਮੂਹ ਸਰਕਾਰੀ/ਏਡਿਡ ਅਤੇ ਪ੍ਰਾਈਵੇਟ ਕਾਲਜਾਂ ਨੂੰ ਪੱਤਰ ਲਿਖ ਕੇ ਹਦਾਇਤ ਜਾਰੀ ਕੀਤੀ ਗਈ ਹੈ ਕਿ ਜੋ ਵੀ ਕਾਲਜ ਆਪਣੇ ਕਾਲਜ 'ਚ ਰੈਗੂਲਰ ਦੇ ਨਾਲ ਓਪਨ ਡਿਸਟੈਂਸ ਮੋਡ 'ਚ ਸਿੱਖਿਆ ਮੁਹੱਈਆ ਕਰਵਾਉਣਾ ਚਾਹੁੰਦੇ ਹਨ, ਉਹ ਜਗਤ ਗੁਰੂ ਨਾਨਕ ਦੇਵ ਪੰਜਾਬ ਸਟੇਟ ਓਪਨ ਯੂਨੀਵਰਸਿਟੀ ਨਾਲ ਜੁੜ ਕੇ ਯੂਨੀਵਰਸਿਟੀ ਦਾ ਲਰਨਰ ਸਪੋਰਟ ਸੈਂਟਰ ਬਣ ਸਕਦੇ ਹਨ।

■ ਯੂਨੀਵਰਸਿਟੀ ਵੱਲੋਂ ਸੈਂਟਰ ਬਣਾਉਣ ਦੀ ਅਧਿਕਾਰਿਤ ਪ੍ਰਕਿਰਿਆ ਸ਼ੁਰੂ

ਉਨ੍ਹਾਂ ਕਿਹਾ ਕਿ ਇਸ ਸਬੰਧੀ ਲੋੜੀਂਦੀ ਕਾਰਵਾਈ ਅਤੇ ਕਾਲਜਾਂ ਨੂੰ ਨਿਰਦੇਸ਼ ਜਾਰੀ ਕਰਨ ਲਈ ਪੰਜਾਬੀ ਯੂਨੀਵਰਸਿਟੀ, ਪਟਿਆਲਾ, ਪੰਜਾਬ ਯੂਨੀਵਰਸਿਟੀ, ਚੰਡੀਗੜ੍ਹ ਅਤੇ ਗੁਰੂ ਨਾਨਕ ਦੇਵ ਯੂਨੀਵਰਸਿਟੀ, ਅੰਮ੍ਰਿਤਸਰ ਦੇ ਰਜਿਸਟਰਾਰਾਂ ਨੂੰ ਵੀ ਦਿਸ਼ਾ-ਨਿਰਦੇਸ਼ਾਂ ਦੀਆਂ ਕਾਪੀਆਂ ਭੇਜ ਦਿੱਤੀਆਂ ਗਈਆਂ ਹਨ, ਤਾਂ ਜੋ ਰੈਗੂਲਰ ਪੜ੍ਹਾਈ ਦੇ ਨਾਲ-ਨਾਲ ਦੂਰਵਰਤੀ ਸਿੱਖਿਆ ਦਾ ਲਾਭ ਹਰ ਇਕ ਲੋੜਵੰਦ ਨੌਜਵਾਨ ਤੱਕ ਪਹੁੰਚਾਇਆ ਜਾ ਸਕੇ।

# ਪੰਜਾਬ ਸਰਕਾਰ ਵਲੋਂ ਪੰਜਾਬ ਦੇ ਕਾਲਜਾਂ ਨੂੰ ਜਗਤ ਗੁਰੂ ਨਾਨਕ ਦੇਵ ਪੰਜਾਬ ਸਟੇਟ ਓਪਨ ਯੂਨੀਵਰਸਿਟੀ ਅਧੀਨ ਸੈਂਟਰ ਬਣਨ ਲਈ ਪੱਤਰ ਜਾਰੀ

**ਪਟਿਆਲਾ, 20 ਮਈ (ਤਪਿੰਦਰ ਸਿੰਘ):** ਜਗਤ ਗੁਰੂ ਨਾਨਕ ਦੇਵ ਪੰਜਾਬ ਸਟੇਟ ਓਪਨ ਯੂਨੀਵਰਸਿਟੀ ਪਟਿਆਲਾ ਦੇ ਬੁਲਾਰੇ ਨੇ ਦੱਸਿਆ ਹੈ ਕਿ ਪੰਜਾਬ ਸਰਕਾਰ ਵਲੋਂ ਪੰਜਾਬ ਦੇ ਕਾਲਜਾਂ ਨੂੰ ਜਗਤ ਗੁਰੂ ਨਾਨਕ ਦੇਵ ਪੰਜਾਬ ਸਟੇਟ ਓਪਨ ਯੂਨੀਵਰਸਿਟੀ, ਪਟਿਆਲਾ ਅਧੀਨ ਸੈਂਟਰ ਬਣਨ ਲਈ ਪੱਤਰ ਜਾਰੀ ਕੀਤਾ ਗਿਆ ਹੈ। ਬੁਲਾਰੇ ਨੇ ਦੱਸਿਆ ਕਿ ਇਸ ਸਬੰਧੀ ਯੂਨੀਵਰਸਿਟੀ ਵਲੋਂ ਸੈਂਟਰ ਬਣਾਉਣ ਦੀ ਅਧਿਕਾਰਿਤ ਪ੍ਰਕਿਰਿਆ ਸ਼ੁਰੂ ਕਰ ਦਿੱਤੀ ਗਈ ਹੈ। ਉਨ੍ਹਾਂ ਕਿਹਾ ਕਿ ਇਹ ਜਿਕਰਯੋਗ ਹੈ ਕਿ ਪਟਿਆਲਾ ਵਿਖੇ ਸਥਿਤ ਇਹ ਯੂਨੀਵਰਸਿਟੀ ਪੰਜਾਬ ਦੀ ਪਹਿਲੀ ਸਰਕਾਰੀ ਓਪਨ ਯੂਨੀਵਰਸਿਟੀ ਹੈ ਜੋ ਸਮੁੱਚੇ ਪੰਜਾਬ ਦੇ ਵਿਚ ਵਿਦਿਆ ਮੁਹਈਆ ਕਰਵਾ ਰਹੀ ਹੈ। ਬੁਲਾਰੇ ਨੇ ਦੱਸਿਆ ਕਿ ਯੂਨੀਵਰਸਿਟੀ ਦੀ ਵੱਧਦੀ ਲੋਕ ਪ੍ਰਿਯਤਾ ਨੂੰ ਧਿਆਨ ਵਿਚ ਰੱਖਦਿਆਂ ਹੋਇਆ ਪੰਜਾਬ ਸਰਕਾਰ ਦੇ ਉਚੇਰੀ ਸਿਖਿਆ ਵਿਭਾਗ, ਪੰਜਾਬ ਦੇ

● ਯੂਨੀਵਰਸਿਟੀ ਵਲੋਂ ਸੈਂਟਰ ਬਣਾਉਣ ਦੀ ਅਧਿਕਾਰਤ ਪ੍ਰਕਿਰਿਆ ਸ਼ੁਰੂ

ਕਾਲਜ ਐਜੂਕੇਸ਼ਨ ਸ਼ਾਖਾ ਵਲੋਂ ਪੰਜਾਬ ਦੇ ਸਮੂਹ ਸਰਕਾਰੀ/ਏਡਿਡ ਅਤੇ ਪ੍ਰਾਈਵੇਟ ਕਾਲਜਾਂ ਨੂੰ ਪੱਤਰ ਲਿਖ ਕੇ ਹਦਾਇਤ ਜਾਰੀ ਕੀਤੀ ਗਈ ਹੈ ਕਿ ਜੋ ਵੀ ਕਾਲਜ ਆਪਣੇ ਕਾਲਜ ਵਿਚ ਰੈਗੂਲਰ ਦੇ ਨਾਲ ਓਪਨ ਡਿਸਟੈਂਸ ਮੋਡ ਦੇ ਵਿਚ ਸਿੱਖਿਆ ਮੁਹਈਆ ਕਰਵਾਉਣਾ ਚਾਹੁੰਦੇ ਹਨ, ਉਹ ਜਗਤ ਗੁਰੂ ਨਾਨਕ ਦੇਵ ਪੰਜਾਬ ਸਟੇਟ ਓਪਨ ਯੂਨੀਵਰਸਿਟੀ ਨਾਲ ਜੁੜ ਕੇ ਯੂਨੀਵਰਸਿਟੀ ਦਾ ਲਰਨਰ ਸਪੋਰਟ ਸੈਂਟਰ ਬਣ ਸਕਦੇ ਹਨ। ਉਨ੍ਹਾਂ ਕਿਹਾ ਕਿ ਇਸ ਸਬੰਧੀ ਲੋੜੀਂਦੀ ਕਾਰਵਾਈ ਅਤੇ ਕਾਲਜਾਂ ਨੂੰ ਨਿਰਦੇਸ਼ ਜਾਰੀ ਕਰਨ ਲਈ ਪੰਜਾਬੀ ਯੂਨੀਵਰਸਿਟੀ, ਪਟਿਆਲਾ, ਪੰਜਾਬ ਯੂਨੀਵਰਸਿਟੀ, ਚੰਡੀਗੜ੍ਹ ਤੇ ਗੁਰੂ ਨਾਨਕ ਦੇਵ ਯੂਨੀਵਰਸਿਟੀ, ਅੰਮ੍ਰਿਤਸਰ ਦੇ ਰਜਿਸਟਰਾਰਾਂ ਨੂੰ ਵੀ ਦਿਸ਼ਾ-ਨਿਰਦੇਸ਼ਾਂ ਦੀਆਂ ਕਾਪੀਆਂ ਭੇਜ ਦਿੱਤੀਆਂ ਗਈਆਂ ਹਨ, ਤਾਂ ਜੋ ਰੈਗੂਲਰ ਪੜ੍ਹਾਈ ਦੇ ਨਾਲ-ਨਾਲ ਦੂਰਵਰਤੀ ਸਿੱਖਿਆ ਦਾ ਲਾਭ ਹਰ ਇੱਕ ਲੋੜਵੰਦ ਨੌਜਵਾਨ ਤੱਕ ਪਹੁੰਚਾਇਆ ਜਾ ਸਕੇ।

ਭੁਪਿੰਦਰਾ ਗਲੋਬਲ ਸਕੂਲ ਵਿਖੇ ਬਾਰ੍ਹਵੀਂ ਦੀ ਪ੍ਰੀਖਿਆ ਵਿਚ ਚੰਗੇ ਅੰਕ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਦਾ ਵਿਸ਼ੇਸ਼ ਸਨਮਾਨ



ਰੋਜ਼ਾਨਾ ਸਪੋਕਸਮੈਨ
RozanaSpokesman.com

**Link:**

https://www.facebook.com/share/p/1BHTZ4tW3q/

https://www.instagram.com/p/DYg1aFRjw5F/?utm_source=ig_web_copy_link&igsh=MzRlODBiNWFlZA==